# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਕ ਖਬਰਾਂ

**18:20**

**ਮਿਤੀ :27-09-2026**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼ ਤੇ ਵਿਦੇਸ਼ਾਂ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ -ਕਿਹਾ ਭਾਰਤੀ ਫੌਜ ਵੱਲੋਂ ਪਾਕਿਸਤਾਨ ਵਿੱਚ ਦਹਿਸ਼ਤਗਰਦੀ ਟਿਕਾਣਿਆਂ 'ਤੇ ਕੀਤੀ ਗਈ ਸਰਜੀਕਲ ਸਟ੍ਰਾਈਕ ਨੇ, ਦੁਨੀਆ ਸਾਹਮਣੇ ਭਾਰਤ ਦੀ ਦਹਿਸ਼ਤਗਰਦੀ ਵਿਰੋਧੀ ਨੀਤੀ ਦੀ ਇੱਕ ਨਵੀਂ ਮਿਸਾਲ ਪੇਸ਼ ਕੀਤੀ ਏ।
- ਸ੍ਰੀ ਮੋਦੀ ਨੇ 1980 ਦੇ ਓਲੰਪਿਕ ਵਿੱਚ ਸੋਨੇ ਦਾ ਤਮਗਾ ਜਿੱਤਣ ਵਾਲੀ ਹਾਕੀ ਟੀਮ ਦਾ ਹਿੱਸਾ ਰਹੇ ਪੰਜਾਬ ਦੇ ਰਾਜਿੰਦਰ ਸਿੰਘ ਦਾ ਜ਼ਿਕਰ ਕਰਦਿਆਂ, ਉਨ੍ਹਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ I
- -ਪੰਜਾਬ ਸਰਕਾਰ ਨੇ ਅਨੁਸੂਚਿਤ ਜਾਤੀ ਦੀ ਬਹੁਗਿਣਤੀ ਵਾਲੇ 3 ਹਜ਼ਾਰ 763 ਪਿੰਡਾਂ ਨੂੰ 'ਮਾਡਲ ਪਿੰਡਾਂ' ਵਜੋਂ ਵਿਕਸਤ ਕਰਨ ਲਈ ਪਹਿਲਕਦਮੀ ਦੀ ਸ਼ੁਰੂਆਤ-ਵਿਕਾਸ ਕਾਰਜਾਂ ਲਈ 201 ਕਰੋੜ ਰੁਪਏ ਜਾਰੀ I

- ਪੰਜਾਬ ਭਰ ਵਿਚ BJP ਵੱਲੋਂ 'ਨਸ਼ਾ ਮੁਕਤ ਪੰਜਾਬ ਯਾਤਰਾ' ਦਾ ਸਿਲਸਿਲਾ ਜਾਰੀ I
- -ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਵੱਲੋਂ ਮੋਹਾਲੀ ਤੋਂ ਮੋਟਰਸਾਈਕਲ ਰੈਲੀ ਦਾ ਆਯੋਜਨ I ਅਤੇ
- -ਵੈਸਟਇੰਡੀਜ਼ ਨੇ ਤਿੰਨ ਮੈਚਾਂ ਦੀ ਇੱਕ ਰੋਜ਼ਾ ਕ੍ਰਿਕਟ ਲੜੀ ਦੇ ਪਹਿਲੇ ਮੈਚ ਵਿੱਚ ਭਾਰਤ ਸਾਹਮਣੇ 296 ਦੌੜਾਂ ਦਾ ਟੀਚਾ ਰੱਖਿਆ I

---------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤੀ ਫੌਜ ਵੱਲੋਂ ਪਾਕਿਸਤਾਨ ਵਿੱਚ ਦਹਿਸ਼ਤਗਰਦੀ ਟਿਕਾਣਿਆਂ 'ਤੇ ਕੀਤੇ ਗਈ ਸਰਜੀਕਲ ਸਟ੍ਰਾਈਕ ਨੇ ਦੁਨੀਆ ਸਾਹਮਣੇ, ਭਾਰਤ ਦੀ ਦਹਿਸ਼ਤਗਰਦੀ ਵਿਰੋਧੀ ਨੀਤੀ ਦੀ ਇੱਕ ਨਵੀਂ ਮਿਸਾਲ ਪੇਸ਼ ਕੀਤੀ ਏ । ਅੱਜ ਆਕਾਸ਼ਵਾਨੀ 'ਤੇ ਆਪਣੇ 'ਮਨ ਕੀ ਬਾਤ' ਪ੍ਰੋਗਰਾਮ ਵਿੱਚ, ਉਨ੍ਹਾਂ ਕਿਹਾ ਕਿ ਦੇਸ਼ ਕੱਲ੍ਹ, 28 ਸਤੰਬਰ ਨੂੰ ਇਸ ਸਟ੍ਰਾਈਕ ਦੀ 10ਵੀਂ ਵਰ੍ਹੇਗੰਢ ਮਨਾਏਗਾ। ਸ੍ਰੀ ਮੋਦੀ ਨੇ ਕਿਹਾ ਕਿ ਦੁਨੀਆ ਇਹ ਦੇਖ ਕੇ ਹੈਰਾਨ ਏ ਕਿ ਕਿਵੇਂ ਬਹਾਦਰ ਭਾਰਤੀ ਸੈਨਿਕਾਂ ਨੇ ਦਹਿਸ਼ਤਗਰਦੀ ਵਿਰੁੱਧ ਸਰਜੀਕਲ ਸਟ੍ਰਾਈਕ ਕਰਨ ਲਈ ਕੰਟਰੋਲ ਰੇਖਾ ਪਾਰ ਕੀਤੀ। ਉਨ੍ਹਾਂ ਕਿਹਾ ਕਿ ਦੇਸ਼ ਲੰਬੇ ਸਮੇਂ ਤੋਂ ਦਹਿਸ਼ਤਗਰਦੀ ਹਮਲਿਆਂ ਤੋਂ ਪੀੜਤ ਸੀ, ਅਤੇ

ਸਰਜੀਕਲ ਸਟ੍ਰਾਈਕ ਇਸ ਦਾ ਫੈਸਲਾਕੁੰਨ ਜਵਾਬ ਸੀ। ਸ੍ਰੀ ਮੋਦੀ ਨੇ ਕਿਹਾ ਕਿ ਪਿਛਲੇ ਦਹਾਕੇ ਦੌਰਾਨ, ਬਾਲਾਕੋਟ ਹਵਾਈ ਹਮਲੇ ਤੋਂ ਲੈ ਕੇ ਆਪ੍ਰੇਸ਼ਨ ਸਿੰਦੂਰ ਤੱਕ, ਭਾਰਤ ਨੇ ਵਾਰ-ਵਾਰ ਇਹ ਸੰਦੇਸ਼ ਦਿੱਤਾ ਏ ਕਿ ਦਹਿਸ਼ਤਗਰਦੀ ਹਮਲਿਆਂ ਦਾ ਮੂੰਹਤੋੜ ਜਵਾਬ ਦਿੱਤਾ ਜਾਵੇਗਾ।

BYTE:RNU270926

ਮਰਦਮਸ਼ੁਮਾਰੀ ਬਾਰੇ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸਦਾ ਪਹਿਲਾ ਗੇੜ ਲਗਭਗ ਸਾਰੇ ਰਾਜਾਂ ਵਿੱਚ ਪੂਰਾ ਹੋ ਗਿਆ ਏ ਅਤੇ 32 ਕਰੋੜ ਤੋਂ ਵੱਧ ਪਰਿਵਾਰਾਂ ਦਾ ਡੇਟਾ ਦਰਜ ਕੀਤਾ ਗਿਆ ਏ । ਉਨ੍ਹਾਂ ਸਪੱਸ਼ਟ ਕੀਤਾ ਕਿ ਜਨਗਣਨਾ ਹਰ ਕਿਸੇ ਦੀ ਰਾਸ਼ਟਰੀ ਜ਼ਿੰਮੇਵਾਰੀ ਏ ਅਤੇ ਲੋਕ ਆਪਣੇ ਮੋਬਾਈਲ ਫੋਨ ਦੀ ਵਰਤੋਂ ਕਰਕੇ ਆਪਣੀ ਅਤੇ ਆਪਣੇ ਪਰਿਵਾਰ ਦੀ ਜਾਣਕਾਰੀ ਦਰਜ ਕਰ ਸਕਦੇ ਨੇ । ਪ੍ਰਧਾਨ ਮੰਤਰੀ ਨੇ ਕਿਹਾ ਕਿ ਨਸ਼ਾ-ਮੁਕਤ ਯੁਵਾ ਮੁਹਿੰਮ ਦੇ ਤਹਿਤ, ਦੇਸ਼ ਭਰ ਦੇ ਲੱਖਾਂ ਨੌਜਵਾਨਾਂ ਨੇ ਹਾਲ ਹੀ ਵਿੱਚ ਨਸ਼ਿਆਂ ਤੋਂ ਦੂਰ ਰਹਿਣ ਦਾ ਪ੍ਰਣ ਲਿਆ ਏ ਅਤੇ ਇਸ ਪ੍ਰਚਾਰ ਦੀ ਜ਼ਿੰਮੇਵਾਰੀ ਵੀ ਲਈ ਏ । ਪ੍ਰਧਾਨ ਮੰਤਰੀ ਨੇ ਨੌਜਵਾਨਾਂ ਨੂੰ ਆਪਣੀ ਰਚਨਾਤਮਕਤਾ ਦੀ ਵਰਤੋਂ ਕਰਨ ਅਤੇ ਇਸ ਮੁਹਿੰਮ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ। ਉਨ੍ਹਾਂ ਨੇ ਤਿਉਹਾਰਾਂ ਦੌਰਾਨ "ਵੋਕਲ ਫਾਰ ਲੋਕਲ" ਮੰਤਰ ਨੂੰ ਯਾਦ ਰੱਖਣ ਦੀ ਅਪੀਲ ਕੀਤੀ। ਅਖੀਰ ਵਿੱਚ, ਪ੍ਰਧਾਨ ਮੰਤਰੀ ਨੇ ਦਰਸ਼ਕਾਂ ਨੂੰ ਉਤਸ਼ਾਹਜਨਕ

ਕਹਾਣੀਆਂ ਸਾਂਝੀਆਂ ਕਰਦੇ ਰਹਿਣ ਦੀ ਅਪੀਲ ਕੀਤੀ ਕਿਉਂਕਿ ਇਹ ਜਾਣਕਾਰੀ ਦੂਜਿਆਂ ਨੂੰ ਪ੍ਰੇਰਿਤ ਕਰਦੀ ਏ ।

-----------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੰਜਾਬ ਦੇ ਓਲੰਪੀਅਨ ਰਾਜਿੰਦਰ ਸਿੰਘ ਦੀ ਸ਼ਲਾਘਾ ਕੀਤੀ ਏ ਜੋ 'ਰਾਊਂਡ ਗਲਾਸ ਹਾਕੀ ਅਕੈਡਮੀ' ਰਾਹੀਂ ਆਪਣੇ ਜਨੂੰਨ ਨੂੰ ਅੱਗੇ ਵਧਾ ਰਹੇ ਨੇ । ਅੱਜ ਆਪਣੇ 'ਮਨ ਕੀ ਬਾਤ' ਪ੍ਰੋਗਰਾਮ ਦੌਰਾਨ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸ ਆਜ਼ਾਦੀ ਦਿਵਸ 'ਤੇ ਲਾਲ ਕਿਲ੍ਹੇ ਤੋਂ ਉਨ੍ਹਾਂ ਨੇ ਖੇਡ ਪ੍ਰਤਿਭਾ ਦੀ ਭਾਲ ਲਈ ਪਿੰਡਾਂ ਅਤੇ ਕਸਬਿਆਂ ਤੱਕ ਪਹੁੰਚਣ ਦੀ ਮੁਹਿੰਮ ਬਾਰੇ ਜੋ ਐਲਾਨ ਕੀਤਾ ਸੀ, ਪੰਜਾਬ ਦੇ ਰਾਜਿੰਦਰ ਸਿੰਘ, ਉਸੇ ਦਿਸ਼ਾ ਵਿੱਚ ਕੰਮ ਕਰ ਰਹੇ ਨੇ ।

BYTE:RNU270926 PM

ਮੋਹਾਲੀ ਤੋਂ ਆਕਾਸ਼ਵਾਣੀ ਦੇ ਪੱਤਰਕਾਰ ਮਨੋਜ ਗਿਰਧਰ ਨਾਲ ਗੱਲਬਾਤ ਕਰਦਿਆਂ, ਓਲੰਪੀਅਨ ਰਾਜਿੰਦਰ ਸਿੰਘ ਨੇ ਪ੍ਰੇਰਨਾਦਾਇਕ ਸ਼ਬਦਾਂ ਲਈ ਪ੍ਰਧਾਨ ਮੰਤਰੀ ਦਾ ਧੰਨਵਾਦ ਕੀਤਾ।

BYTE:RNU270926 Rajinder

-----------------------------------------

ਪੰਜਾਬ ਸਰਕਾਰ ਨੇ ਸੂਬੇ ਭਰ ਦੇ ਅਨੁਸੂਚਿਤ ਜਾਤੀ ਦੀ ਬਹੁਗਿਣਤੀ

ਵਾਲੇ 3 ਹਜ਼ਾਰ 763 ਪਿੰਡਾਂ ਨੂੰ 'ਮਾਡਲ ਪਿੰਡਾਂ' ਵਜੋਂ ਵਿਕਸਤ ਕਰਨ ਲਈ ਇੱਕ ਵੱਡੀ ਪਹਿਲਕਦਮੀ ਸ਼ੁਰੂ ਕੀਤੀ ਏ । ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਇਸ ਉਪਰਾਲੇ ਦਾ ਉਦੇਸ਼ ਪੇਂਡੂ ਖੇਤਰਾਂ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ, ਲੋਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਅਤੇ ਵਿਕਾਸ ਦੇ ਲਾਭ ਹਰ ਵਰਗ ਤੱਕ ਪਹੁੰਚਾਉਣਾ ਏ । ਡਾ. ਬਲਜੀਤ ਕੌਰ ਨੇ ਦੱਸਿਆ ਕਿ ਇਸ ਪਹਿਲ ਤਹਿਤ ਸੂਬੇ ਦੇ ਸਮੂਹ ਡਿਪਟੀ ਕਮਿਸ਼ਨਰਾਂ ਨੂੰ 201 ਕਰੋੜ ਰੁਪਏ ਦੀ ਰਾਸ਼ੀ ਜਾਰੀ ਕਰ ਦਿੱਤੀ ਗਈ ਏ । ਉਨ੍ਹਾਂ ਕਿਹਾ ਕਿ ਇਹ ਰਾਸ਼ੀ 40 ਫੀਸਦੀ ਜਾਂ ਇਸ ਤੋਂ ਵੱਧ ਅਨੁਸੂਚਿਤ ਜਾਤੀ ਆਬਾਦੀ ਵਾਲੇ ਪਿੰਡਾਂ ਵਿੱਚ ਮੁੱਢਲੇ ਢਾਂਚੇ ਦੇ ਵਿਕਾਸ ਕਾਰਜਾਂ ਨੂੰ ਤੇਜ਼ ਕਰਨ ਲਈ ਵਰਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਚੁਣੇ ਗਏ ਸਾਰੇ 3 ਹਜ਼ਾਰ 763 ਪਿੰਡਾਂ ਦੇ ਸੰਪੂਰਨ ਵਿਕਾਸ ਲਈ ਲੋੜ ਅਨੁਸਾਰ ਹੋਰ ਫੰਡ ਵੀ ਪੜਾਅਵਾਰ ਜਾਰੀ ਕੀਤੇ ਜਾਣਗੇ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਜਾਰੀ ਕੀਤੀ ਗਈ ਰਾਸ਼ੀ ਨਾਲ ਪਿੰਡਾਂ ਵਿੱਚ ਠੋਸ ਅਤੇ ਤਰਲ ਕੂੜਾ ਪ੍ਰਬੰਧਨ ਪ੍ਰਣਾਲੀ, ਸੋਲਰ ਸਟਰੀਟ ਲਾਈਟਾਂ, ਆਂਗਣਵਾੜੀ ਕੇਂਦਰਾਂ ਦੀ ਮਜ਼ਬੂਤੀ ਵਰਗੇ ਮਹੱਤਵਪੂਰਨ ਵਿਕਾਸ ਕਾਰਜ ਕਰਵਾਏ ਜਾਣਗੇ।

------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਜਨਤਕ ਸੇਵਾ ਵਿੱਚ 25 ਸਾਲ ਪੂਰੇ ਹੋ ਰਹੇ ਨੇ - ਇਹ ਇੱਕ ਅਜਿਹਾ ਸਫ਼ਰ ਏ ਜਿਹੜਾ 'ਜਨ ਸੇਵਾ ਤੋਂ ਦੇਸ਼ ਸੇਵਾ' ਦੇ ਮੰਤਰ ਅਤੇ ਅਟੁੱਟ ਵਚਨਬੱਧਤਾ ਨਾਲ ਪਰਿਭਾਸ਼ਿਤ ਹੁੰਦਾ ਏ ਅਤੇ ਇਹ ਸਿਲਸਿਲਾ ਜਾਰੀ ਏ। ਸੇਵਾ ਅਤੇ ਸੁਸ਼ਾਸਨ ਦੀ ਇਸੇ ਸੋਚ ਤੋਂ ਪ੍ਰੇਰਿਤ ਹੋ ਕੇ, ਸਰਕਾਰ 2047 ਤੱਕ 'ਵਿਕਸਿਤ ਭਾਰਤ' ਦੇ ਟੀਚੇ ਨੂੰ ਹਾਸਿਲ ਕਰਨ ਲਈ ਲਗਾਤਾਰ ਕੰਮ ਕਰ ਰਹੀ ਏ। ਸਮਾਵੇਸ਼ੀ ਵਿਕਾਸ ਅਤੇ ਸਮਾਜਿਕ ਸ਼ਕਤੀਕਰਨ ਰਾਹੀਂ, ਇਹ ਸਮਰਪਣ ਲੋਕਾਂ ਦੇ ਜੀਵਨ ਵਿੱਚ ਬਦਲਾਅ ਲਿਆ ਰਿਹਾ ਏ। ਅੱਜ, 'ਸੇਵਾ ਸੰਕਲਪ ਅਭਿਆਨ' ਦੀ ਇਸ ਵਿਸ਼ੇਸ਼ ਲੜੀ ਵਿੱਚ, ਅਸੀਂ ਤੁਹਾਡੇ ਲਈ, ਇੱਕ ਉਦਾਹਰਣ ਲੈ ਕੇ ਆਏ ਹਾਂ ਕਿ ਕਿਵੇਂ ਇਸ ਦ੍ਰਿਸ਼ਟੀਕੋਣ ਨੂੰ, 'ਰਾਸ਼ਟਰੀ ਸਿੱਖਿਆ ਨੀਤੀ 2020' ਰਾਹੀਂ ਅਮਲ ਵਿੱਚ ਲਿਆਂਦਾ ਗਿਆ ਏ।
ਹੋਰ ਵੇਰਵੇ ਨਾਲ ਇੱਕ ਰਿਪੋਰਟ:RNU270926
1968 ਤੋਂ ਭਾਰਤ ਦੀ ਸਕੂਲੀ ਸਿੱਖਿਆ ਪ੍ਰਣਾਲੀ 10+2 ਢਾਂਚੇ ’ਤੇ ਆਧਾਰਿਤ ਸੀ। 29 ਜੁਲਾਈ 2020 ਨੂੰ ਕੇਂਦਰੀ ਮੰਤਰੀ ਮੰਡਲ ਨੇ ਰਾਸ਼ਟਰੀ ਸਿੱਖਿਆ ਨੀਤੀ ਨੂੰ ਮਨਜ਼ੂਰੀ ਦਿੱਤੀ, ਜਿਸ ਤਹਿਤ 5+3+3+4 ਢਾਂਚਾ ਲਿਆਂਦਾ ਗਿਆ। ਇਸ ਵਿੱਚ 5 ਸਾਲ ਮੁੱਢਲੀ ਪੜ੍ਹਾਈ, 3 ਸਾਲ ਦਾ ਤਿਆਰੀ ਪੜਾਅ, 3 ਸਾਲ ਦੀ ਮਿਡਲ ਅਤੇ 4 ਸਾਲ ਦੀ ਸੈਕੰਡਰੀ ਪੜ੍ਹਾਈ ਸ਼ਾਮਲ ਏ। ਇਹ ਨਵਾਂ ਢਾਂਚਾ 3 ਤੋਂ 18 ਸਾਲ ਦੀ ਉਮਰ ਦੇ

ਬੱਚਿਆਂ ਲਈ ਏ।
ਇਸ ਵਿੱਚ ਪਹਿਲੀ ਵਾਰ ਛੋਟੇ ਬੱਚਿਆਂ ਦੀ ਮੁੱਢਲੀ ਸਿੱਖਿਆ ਨੂੰ ਵੀ ਸਿੱਖਿਆ ਪ੍ਰਣਾਲੀ ਦਾ ਹਿੱਸਾ ਬਣਾਇਆ ਗਿਆ। ਇਸ ਤਹਿਤ ਘੱਟੋ-ਘੱਟ ਪੰਜਵੀਂ ਜਮਾਤ ਤੱਕ ਮਾਂ-ਬੋਲੀ ਜਾਂ ਘਰ ਦੀ ਭਾਸ਼ਾ ਵਿੱਚ ਪੜ੍ਹਾਈ ਨੂੰ ਤਰਜੀਹ ਦਿੱਤੀ ਗਈ ਏ। ਰਾਸ਼ਟਰੀ ਸਿੱਖਿਆ ਨੀਤੀ 2020 ਨੇ ਕਲਾ, ਵਿਗਿਆਨ, ਕਾਮਰਸ ਅਤੇ ਕਿੱਤਾਮੁਖੀ ਸਿੱਖਿਆ ਵਿਚਕਾਰ ਪੁਰਾਣੀ ਸਖ਼ਤ ਵੰਡ ਨੂੰ ਖਤਮ ਕਰ ਦਿੱਤਾ ਏ। ਹੁਣ ਵਿਦਿਆਰਥੀ ਆਪਣੀ ਪਸੰਦ ਦੇ ਵੱਖ-ਵੱਖ ਵਿਸ਼ੇ ਚੁਣ ਸਕਦੇ ਨੇ। ਇਸ ਤੋਂ ਬਾਅਦ, 2021 ਵਿੱਚ ਨਿਪੁਣ ਭਾਰਤ ਦੀ ਸ਼ੁਰੂਆਤ ਕੀਤੀ ਗਈ, ਤਾਂ ਜੋ ਤੀਜੀ ਜਮਾਤ ਤੱਕ ਬੱਚਿਆਂ ਵਿੱਚ ਪੜ੍ਹਨ, ਲਿਖਣ ਅਤੇ ਗਿਣਤੀ ਦੀਆਂ ਬੁਨਿਆਦੀ ਯੋਗਤਾਵਾਂ ਨੂੰ ਯਕੀਨੀ ਬਣਾਇਆ ਜਾ ਸਕੇ। ਵਿਦਿਆ ਪ੍ਰਵੇਸ਼ ਦੇ ਨਾਲ ਮਿਲ ਕੇ ਇਹ ਪਹਿਲਕਦਮੀ 8.9 ਲੱਖ ਸਕੂਲਾਂ ਦੇ 4.2 ਕਰੋੜ ਤੋਂ ਵੱਧ ਬੱਚਿਆਂ ਤੱਕ ਪਹੁੰਚ ਚੁੱਕੀ ਏ। 1968 ਤੋਂ ਬਾਅਦ ਪਹਿਲੀ ਵਾਰ ਭਾਰਤ ਨੇ ਆਪਣੀ ਸਕੂਲੀ ਸਿੱਖਿਆ ਦਾ ਢਾਂਚਾ ਬਦਲਿਆ ਹੈ। ਜਲੰਧਰ ਤੋਂ ਆਕਾਸ਼ਵਾਣੀ ਖ਼ਬਰਾਂ ਲਈ ਮੈਂ ਕਾਜਲ

-----------------------------------------

ਪੰਜਾਬ ਭਰ ਵਿਚ ਭਾਰਤੀ ਜਨਤਾ ਪਾਰਟੀ ਵੱਲੋਂ 'ਨਸ਼ਾ ਮੁਕਤ ਪੰਜਾਬ

ਯਾਤਰਾ' ਦਾ ਸਿਲਸਿਲਾ ਜਾਰੀ ਏ । ਇਸੇ ਤਹਿਤ ਅੱਜ ਰਾਜਸਥਾਨ ਦੇ ਮੁੱਖ ਮੰਤਰੀ  ਭਜਨ ਲਾਲ ਸ਼ਰਮਾ  ਫ਼ਿਰੋਜ਼ਪੁਰ ਪਹੁੰਚੇ। ਇਸ ਮੌਕੇ BJP ਵੱਲੋਂ ਜਨ ਸਭਾ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪਾਰਟੀ ਆਗੂਆਂ, ਵਰਕਰਾਂ ਅਤੇ ਸਮਰਥਕਾਂ ਨੇ ਸ਼ਮੂਲੀਅਤ ਕੀਤੀ। ਭਜਨ ਲਾਲ ਸ਼ਰਮਾ ਨੇ ਪੰਜਾਬ ਵਿੱਚੋਂ ਨਸ਼ਿਆਂ ਦੇ ਖ਼ਾਤਮੇ ਦੀ ਲੋੜ ’ਤੇ ਜ਼ੋਰ ਦਿੰਦਿਆਂ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਸਮਾਜ ਦੇ ਹਰ ਵਰਗ ਨੂੰ ਸਾਂਝੀ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ। ਉਨ੍ਹਾਂ BJP ਦੀ ਨਸ਼ਾ ਵਿਰੋਧੀ ਮੁਹਿੰਮ ਨੂੰ ਅੱਗੇ ਵਧਾਉਣ ਦੀ ਗੱਲ ਕਹੀ। ਓਧਰ ਮੁਕੇਰੀਆਂ ਵਿਚ ‘ਨਸ਼ਾ ਮੁਕਤ ਪੰਜਾਬ ਯਾਤਰਾ’ ਤਹਿਤ ਹੋਈ ਰੈਲੀ ਦੌਰਾਨ BJP ਦੇ ਕਿਸ਼ਤਵਾੜ ਤੋਂ ਵਿਧਾਇਕ ਸ਼ਗੁਨ ਪਰਿਹਾਰ ਨੇ ਪੰਜਾਬ ਸਰਕਾਰ ’ਤੇ ਨਸ਼ੇ ਦੇ ਮੁੱਦੇ ਨੂੰ ਲੈ ਕੇ ਇਲਜ਼ਾਮ ਲਗਾਏ । ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਸ਼ਾ ਤਸਕਰਾਂ ਦੇ ਹੌਸਲੇ ਬੁਲੰਦ ਨੇ ਅਤੇ ਸਰਕਾਰ ਉਨ੍ਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਵਿੱਚ ਨਾਕਾਮ ਰਹੀ ਏ ।

-----------------------------------------

ਅੱਜ ਵਿਸ਼ਵ ਸੈਰ-ਸਪਾਟਾ ਦਿਵਸ ਮਨਾਇਆ ਜਾ ਰਿਹਾ ਏ । ਪੰਜਾਬ ਦੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਵੱਲੋਂ

ਕਰਵਾਈ ਗਈ ਮੋਟਰਸਾਈਕਲ ਰੈਲੀ ਨੂੰ ਅੱਜ ਮੁਹਾਲੀ ਦੇ ਇਤਿਹਾਸਕ ਫਤਿਹ ਬੁਰਜ, ਚੱਪੜ ਚਿੜੀ ਤੋਂ ਮੁਹਾਲੀ ਦੇ ਡਿਪਟੀ ਕਮਿਸ਼ਨਰ, ਕੋਮਲ ਮਿੱਤਲ ਅਤੇ ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ, ਦੇ ਡਾਇਰੈਕਟਰ, ਸੰਜੀਵ ਕੁਮਾਰ ਤਿਵਾੜੀ ਨੇ ਰਵਾਨਾ ਕੀਤਾ। ਇਹ ਮੋਟਰਸਾਈਕਲ ਰੈਲੀ ਵਿਸ਼ਵ ਸੈਰ-ਸਪਾਟਾ ਦਿਵਸ-2026 ਦੇ ਜਸ਼ਨਾਂ ਦਾ ਹਿੱਸਾ ਏ ਜਿਸ ਦਾ ਉਦੇਸ਼ ਪੰਜਾਬ ਦੇ ਵੱਖ-ਵੱਖ ਸੈਰ-ਸਪਾਟਾ ਸਥਾਨਾਂ ਨੂੰ ਲੋਕਾਂ ਨਾਲ ਜੋੜਨਾ ਅਤੇ ਵਿਸ਼ੇਸ਼ ਤੌਰ ’ਤੇ ਵਾਤਾਵਰਣ-ਅਨੁਕੂਲ ਅਤੇ ਸਾਹਸੀ ਸੈਰ-ਸਪਾਟੇ ਦੀਆਂ ਸੰਭਾਵਨਾਵਾਂ ਨੂੰ ਉਤਸ਼ਾਹਿਤ ਕਰਨਾ ਏ । ਇਸ ਦੌਰਾਨ ਰੈਲੀ ਨੇ ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਰੂਪਨਗਰ, ਸ਼ਹੀਦ ਭਗਤ ਸਿੰਘ ਨਗਰ ਅਤੇ ਹੁਸ਼ਿਆਰਪੁਰ ਜ਼ਿਲ੍ਹਿਆਂ ਵਿੱਚੋਂ ਲੰਘਦਿਆਂ ਆਪਣਾ ਸਫ਼ਰ ਤੈਅ ਕੀਤਾ। ਇਸ ਵਿੱਚ ਲਗਭਗ 50 ਤੋਂ 60 ਮੋਟਰਸਾਈਕਲ ਸਵਾਰਾਂ ਸਮੇਤ ਅਧਿਕਾਰੀਆਂ, ਕਰਮਚਾਰੀਆਂ ਅਤੇ ਹੋਰ ਭਾਗੀਦਾਰਾਂ ਨੇ ਹਿੱਸਾ ਲਿਆ ।

---------------------------------------------

ਫਗਵਾੜਾ ਸਥਿਤ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਵਿਦਿਆਰਥੀਆਂ ਵੱਲੋਂ ਅੱਜ ਸਵੇਰੇ ਕੈਂਪਸ ਵਿੱਚ ਹੰਗਾਮਾ ਕੀਤਾ ਗਿਆ ਅਤੇ ਜਾਇਦਾਦ ਨੂੰ ਨੁਕਸਾਨ ਪਹੁੰਚਾਣ ਦੇ ਨਾਲ ਰਾਸ਼ਟਰੀ ਅੰਮ੍ਰਿਤਸਰ-

ਦਿੱਲੀ ਰਾਜਮਾਰਗ ਨੂੰ ਵੀ ਜਾਮ ਕੀਤਾ ਗਿਆ। ਓਹਨਾ ਦਾ ਇਲਜ਼ਾਮ ਸੀ ਕਿ ਯੂਨੀਵਰਸਿਟੀ ਦੇ ਕੈਂਪਸ ਵਿੱਚ ਇੱਕ ਵਿਦਿਆਰਥਣ ਨਾਲ ਜਬਰ-ਜਨਾਹ ਹੋਇਆ ਏ । ਕਪੂਰਥਲਾ ਦੇ ਸੀਨੀਅਰ ਪੁਲਿਸ ਕਪਤਾਨ ਗੌਰਵ ਤੂਰਾ ਨੇ ਸਵੇਰੇ ਕੈਂਪਸ ਵਿੱਚ ਬਲ ਨਾਲ ਪਹੁੰਚ ਕੇ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਰਾਜਮਾਰਗ ਖੁਲਵਾਇਆ। ਜਲੰਧਰ ਰੇਂਜ ਦੇ ਡੀ.ਆਈ.ਜੀ ਨਵੀਨ ਸਿੰਗਲਾ ਨੇ ਮਾਮਲੇ ਦੀ ਜਾਂਚ ਲਈ ਸੀਨੀਅਰ ਪੁਲਿਸ ਅਧਿਕਾਰੀਆਂ ਅਤੇ ਵਿਦਿਆਰਥੀਆਂ ਦੇ ਨੁਮਾਇੰਦਿਆਂ ਦੀ ਇੱਕ ਵਿਸ਼ੇਸ਼ ਜਾਂਚ ਟੀਮ ਦਾ ਗਠਨ ਕਰ ਦਿਤਾ ਏ। ਇਸ ਦੌਰਾਨ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਰਜਿਸਟਰਾਰ ਮੋਨਿਕਾ ਗੁਲਾਟੀ ਨੇ ਆਪਣੇ ਇਕ ਬਿਆਨ ਵਿੱਚ ਦੱਸਿਆ ਏ ਕਿ ਸੋਸ਼ਲ ਮੀਡੀਆ 'ਤੇ ਫੈਲਾਈਆਂ ਜਾ ਰਹੀਆਂ ਅਫਵਾਹਾਂ ਝੂਠੀਆਂ, ਬੇਬੁਨਿਆਦ ਅਤੇ ਮਨਘੜਤ ਨੇ । ਯੂਨੀਵਰਸਿਟੀ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਅਫਵਾਹਾਂ ਵਿੱਚ ਕੋਈ ਸੱਚਾਈ ਨਹੀਂ ਏ। ਓਹਨਾ ਅਪੀਲ ਕੀਤੀ ਕੇ ਵਿਦਿਆਰਥੀ, ਮਾਪੇ ਅਤੇ ਲੋਕ ਬਿਨਾ ਤਸਦੀਕ ਕੀਤੀ ਜਾਣਕਾਰੀ 'ਤੇ ਵਿਸ਼ਵਾਸ ਨਾ ਕਰਨ । ਆਖਰੀ ਖਬਰ ਲਿਖੇ ਜਾਣ ਤੱਕ ਸ਼ਹਿਰਾ ਉੱਤੇ ਵਿਦਿਆਰਥੀਆਂ ਦਾ ਰੋਜ਼ ਮੁਜ਼ਾਰਾ ਜਾਰੀ ਸੀ ਤੇ ਪੁਲਿਸ ਭਲ ਵੱਡੀ ਗਿਣਤੀ 'ਚ ਉੱਥੇ ਤੈਨਾਤ ਸੀ।

---------------------------------------

ਵੈਸਟਇੰਡੀਜ਼ ਨੇ ਤਿੰਨ ਮੈਚਾਂ ਦੀ ਇੱਕ ਰੋਜ਼ਾ ਕ੍ਰਿਕਟ ਲੜੀ ਦੇ ਪਹਿਲੇ ਮੈਚ ਵਿੱਚ ਭਾਰਤ ਸਾਹਮਣੇ 296 । ਦੌੜਾਂ ਦਾ ਟੀਚਾ ਰੱਖਿਆ ਏ । ਆਖਰੀ ਖਬਰਾਂ ਮਿਲਣ ਤਕ ਭਾਰਤ ਨੇ ਪਹਿਲੇ ਓਵਰ ਵਿਚ ਬਿਨਾ ਕਿਸੇ ਨੁਕਸਾਨ ਦੇ 4 ਦੌੜਾਂ ਬਣਾ ਲਈਆਂ ਨੇ ।

---------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼ ਤੇ ਵਿਦੇਸ਼ਾਂ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ -ਕਿਹਾ ਭਾਰਤੀ ਫੌਜ ਵੱਲੋਂ ਪਾਕਿਸਤਾਨ ਵਿੱਚ ਦਹਿਸ਼ਤਗਰਦੀ ਟਿਕਾਣਿਆਂ 'ਤੇ ਕੀਤੀ ਗਈ ਸਰਜੀਕਲ ਸਟ੍ਰਾਈਕ ਨੇ, ਦੁਨੀਆ ਸਾਹਮਣੇ ਭਾਰਤ ਦੀ ਦਹਿਸ਼ਤਗਰਦੀ ਵਿਰੋਧੀ ਨੀਤੀ ਦੀ ਇੱਕ ਨਵੀਂ ਮਿਸਾਲ ਪੇਸ਼ ਕੀਤੀ ਏ ।
- ਸ੍ਰੀ ਮੋਦੀ ਨੇ 1980 ਦੇ ਓਲੰਪਿਕ ਵਿੱਚ ਸੋਨੇ ਦਾ ਤਮਗਾ ਜਿੱਤਣ ਵਾਲੀ ਹਾਕੀ ਟੀਮ ਦਾ ਹਿੱਸਾ ਰਹੇ ਪੰਜਾਬ ਦੇ ਰਾਜਿੰਦਰ ਸਿੰਘ ਦਾ ਜ਼ਿਕਰ ਕਰਦਿਆਂ, ਉਨ੍ਹਾਂ ਦੇ ਯੋਗਦਾਨ ਦੀ ਸ਼ਲਾਘਾ ਕੀਤੀ I
- -ਪੰਜਾਬ ਸਰਕਾਰ ਨੇ ਅਨੁਸੂਚਿਤ ਜਾਤੀ ਦੀ ਬਹੁਗਿਣਤੀ ਵਾਲੇ 3 ਹਜ਼ਾਰ 763 ਪਿੰਡਾਂ ਨੂੰ 'ਮਾਡਲ ਪਿੰਡਾਂ' ਵਜੋਂ ਵਿਕਸਤ ਕਰਨ ਲਈ

ਪਹਿਲਕਦਮੀ ਦੀ ਸ਼ੁਰੂਆਤ-ਵਿਕਾਸ ਕਾਰਜਾਂ ਲਈ 201 ਕਰੋੜ ਰੁਪਏ ਜਾਰੀ I

- ਪੰਜਾਬ ਭਰ ਵਿਚ BJP ਵੱਲੋਂ 'ਨਸ਼ਾ ਮੁਕਤ ਪੰਜਾਬ ਯਾਤਰਾ' ਦਾ ਸਿਲਸਿਲਾ ਜਾਰੀ I
- -ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਵੱਲੋਂ ਮੋਹਾਲੀ ਤੋਂ ਮੋਟਰਸਾਈਕਲ ਰੈਲੀ ਦਾ ਆਯੋਜਨ I ਅਤੇ
- -ਵੈਸਟਇੰਡੀਜ਼ ਨੇ ਤਿੰਨ ਮੈਚਾਂ ਦੀ ਇੱਕ ਰੋਜ਼ਾ ਕ੍ਰਿਕਟ ਲੜੀ ਦੇ ਪਹਿਲੇ ਮੈਚ ਵਿੱਚ ਭਾਰਤ ਸਾਹਮਣੇ 296 ਦੌੜਾਂ ਦਾ ਟੀਚਾ ਰੱਖਿਆ I

ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗ 8.30 ਨਮਸਕਾਰ